**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 17-09-2024**

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵਿਧਾਨ ਸਭਾ ਦੇ ਮਾਨਸੂਨ ਸਮਾਗਮ ਵਿੱਚ ਪਾਸ ਕੀਤੇ ਪੰਜਾਬ ਪੰਚਾਇਤੀ ਰਾਜ ਬਿੱਲ 2024 ਨੂੰ ਮਨਜ਼ੂਰੀ ਦੇ ਦਿੱਤੀ ਏ । ਇਸ ਨਾਲ ਪੰਚਾਇਤੀ ਚੋਣਾਂ ’ਚ ਰਾਖਵਾਂਕਰਣ ਬਹਾਲ ਹੋ ਗਿਆ ਏ . ਹੁਣ ਪੰਚ-ਸਰਪੰਚ ਚੋਣਾਂ ਪਾਰਟੀ ਨਿਸ਼ਾਨ 'ਤੇ ਨਹੀਂ ਹੋਣਗੀਆਂ। ਇਸ ਦੇ ਨਾਲ ਹੀ ਸੂਬਾ ਸਰਕਾਰ ਅਕਤੂਬਰ ਦੇ ਅੱਧ ’ਚ ਪੰਚਾਇਤੀ ਚੋਣਾਂ ਕਰਵਾਉਣ ਬਾਰੇ ਵਿਚਾਰ ਕਰ ਰਹੀ ਏ । ਇਸ ਮਨਜ਼ੂਰੀ ਤੋਂ ਬਾਅਦ ਹੁਣ ਚੋਣ ਪ੍ਰਕਿਰਿਆ ਤੇਜ਼ ਹੋ ਜਾਵੇਗੀ। ਪੰਜਾਬ ਪੰਚਾਇਤੀ ਰਾਜ ਸੋਧ ਬਿੱਲ ਨੂੰ ਸਦਨ ਵਿੱਚ ਪੇਸ਼ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਸੀ ਕਿ ਇਸ ਤਜਵੀਜ਼ ਨੂੰ ਪਾਸ ਕਰਨ ਪਿੱਛੇ ਵਿਚਾਰ ਇਹ ਏ ਕਿ ਪਿੰਡ ਦਾ ਸਰਪੰਚ ਪਾਰਟੀ ਦਾ ਨਹੀਂ ਸਗੋਂ ਪਿੰਡ ਦਾ ਹੋਣਾ ਚਾਹੀਦਾ ਏ । ਹਾਲਾਂਕਿ ਉਨ੍ਹਾਂ

ਸਦਨ 'ਚ ਦੱਸਿਆ ਸੀ ਕਿ 2018 'ਚ ਵੀ ਕਿਸੇ ਵਿਅਕਤੀ ਨੇ ਪਾਰਟੀ ਦੇ ਚੋਣ ਨਿਸ਼ਾਨ 'ਤੇ ਪੰਚਾਇਤੀ ਚੋਣ ਨਹੀਂ ਲੜੀ ਸੀ। ਮੁੱਖ ਮੰਤਰੀ ਨੇ ਕਿਹਾ ਸੀ ਕਿ ਸਰਬਸੰਮਤੀ ਨਾਲ ਪੰਚਾਇਤ ਚੁਣਨ ਵਾਲੇ ਪਿੰਡ ਨੂੰ 5 ਲੱਖ ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਸਟੇਡੀਅਮ ਸਮੇਤ ਹੋਰ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।

---------------------------------------------------------------

ਪੰਜਾਬ ਸਰਕਾਰ ਨੇ ਆਪਣੀ ਖੇਤੀਬਾੜੀ ਨੀਤੀ ਤਿਆਰ ਕਰ ਲਈ ਏ । ਨੀਤੀ ‘ਚ ਸਾਰੀਆਂ ਫ਼ਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ (MSP) ਦੀ ਕਾਨੂੰਨੀ ਗਾਰੰਟੀ ਅਤੇ ਪੰਜ ਏਕੜ ਤੋਂ ਘੱਟ ਜ਼ਮੀਨ ਵਾਲੇ ਕਿਸਾਨਾਂ-ਮਜ਼ਦੂਰਾਂ ਲਈ ਪੈਨਸ਼ਨ ਦੀ ਸਿਫ਼ਾਰਸ਼ ਕੀਤੀ ਗਈ ਏ । ਇਸ ਤੋਂ ਇਲਾਵਾ ਪਾਣੀ ਅਤੇ ਬਿਜਲੀ ਦੀ ਬੱਚਤ ਕਰਨ ਵਾਲੇ ਕਿਸਾਨਾਂ ਨੂੰ ਵਿਸ਼ੇਸ਼ ਰਾਹਤ ਦੇਣ ਲਈ ਪਾਣੀ ਬਚਾਓ ਪੈਸਾ ਕਮਾਓ ਸਕੀਮ ਲਿਆਉਣ ਦੀ ਵੀ ਸਿਫ਼ਾਰਸ਼ ਕੀਤੀ ਗਈ ਏ । ਨੀਤੀ ਦਾ ਖਰੜਾ ਜਾਰੀ ਕਰ ਦਿੱਤਾ ਗਿਆ ਏ । ਹੁਣ ਇਸ ਮਾਮਲੇ ਵਿੱਚ ਕਿਸਾਨਾਂ ਅਤੇ ਇਸ ਖੇਤਰ ਦੇ ਮਾਹਿਰ ਲੋਕਾਂ ਤੋਂ ਰਾਏ ਲਈ ਜਾਵੇਗੀ। ਇਸ ਤੋਂ ਬਾਅਦ ਨੀਤੀ ਲਾਗੂ

ਕੀਤੀ ਜਾਵੇਗੀ। ਨੀਤੀ ਬਣਾਉਂਦੇ ਸਮੇਂ ਕਿਸਾਨਾਂ ਨਾਲ ਸਬੰਧਤ ਹਰ ਮੁੱਦੇ ਨੂੰ ਛੋਹਣ ਦੀ ਕੋਸ਼ਿਸ਼ ਕੀਤੀ ਗਈ ਏ ਤਾਂ ਜੋ ਕਿਸਾਨਾਂ ਨੂੰ ਫਾਇਦਾ ਹੋ ਸਕੇ। ਇਸ ਖਰੜੇ ਵਿੱਚ 60 ਸਾਲ ਦੀ ਉਮਰ ਤੋਂ ਬਾਅਦ ਪੈਨਸ਼ਨ ਯੋਜਨਾ ਤਿਆਰ ਕਰਨ ਦੀ ਗੱਲ ਕੀਤੀ ਗਈ ਏ । ਛੋਟੇ ਕਿਸਾਨਾਂ ਲਈ ਕਰਜ਼ਾ ਮੁਆਫੀ ਯੋਜਨਾ ਤਿਆਰ ਕਰਨ ਦਾ ਵਿਚਾਰ ਵੀ ਖਰੜੇ ਵਿੱਚ ਸ਼ਾਮਲ ਕੀਤਾ ਗਿਆ ਏ । ਜਨਤਕ ਵੰਡ ਸਿਲਸਿਲੇ ਵਿੱਚ ਹੋਰ ਸੁਧਾਰ ਕਰਨ ਦੀ ਗੱਲ ਵੀ ਕੀਤੀ ਗਈ ਏ । ਇਸ ਦੇ ਨਾਲ ਹੀ ਜੈਵਿਕ ਖੇਤੀ ਅਤੇ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ 'ਤੇ ਵੀ ਜ਼ੋਰ ਦਿੱਤਾ ਗਿਆ ਏ । ਨੀਤੀ ਵਿੱਚ ਔਰਤਾਂ 'ਤੇ ਵੀ ਧਿਆਨ ਦਿੱਤਾ ਗਿਆ ਏ । ਇਸ ਵਿਚ ਕਿਹਾ ਗਿਆ ਏ ਕਿ ਔਰਤਾਂ ਨੂੰ ਜ਼ਮੀਨ ਦੇ ਮਾਲਕੀ ਹੱਕ ਦੇਣ ਲਈ ਵੀ ਵਿਕਲਪਾਂ ਦੀ ਘੋਖ ਕੀਤੀ ਜਾਣੀ ਚਾਹੀਦੀ ਏ । ਇਸ ਵਿਚ ਕਿਹਾ ਗਿਆ ਏ ਕਿ ਪਿੰਡ ਦੀ ਸਾਂਝੀ ਜ਼ਮੀਨ ਠੇਕੇ ’ਤੇ ਲੈ ਕੇ ਖੇਤੀਬਾੜੀ ਦੇ ਕੰਮ ਵਿੱਚ ਲੱਗੀਆਂ ਔਰਤਾਂ ਨੂੰ ਪਹਿਲ ਦਿੱਤੀ ਜਾਵੇ।

---------------------------------------------------------------

ਨਰੇਂਦਰ ਮੋਦੀ ਸਰਕਾਰ ਨੇ ਆਪਣੇ ਤੀਜੇ ਕਾਰਜਕਾਲ ਦੇ 100 ਦਿਨ

ਪੂਰੇ ਕਰ ਲਏ ਨੇ . ਮੋਦੀ ਸਰਕਾਰ ਦੇ ਇਤਿਹਾਸਕ ਤੀਜੇ ਕਾਰਜਕਾਲ ਦੇ ਪਹਿਲੇ 100 ਦਿਨਾਂ'ਚ ਕਈ ਅਹਿਮ ਪਹਿਲਕਦਮੀਆਂ ਕਰਦਿਆਂ ਅਹਿਮ ਫੈਸਲੇ ਲਏ ਗਏ ਜਿਹਨਾਂ ਨੇ ਲੋਕਾਂ ਦੇ ਜੀਵਨ 'ਤੇ ਸਕਾਰਾਤਮਕ ਪ੍ਰਭਾਵ ਪਾਇਆ ਏ ਅਤੇ 2047 ਤਕ ਵਿਕਸਿਤ ਭਾਰਤ ਦੀ ਮਜ਼ਬੂਤ ਨੀਂਹ ਰਖੀ ਏ .

--------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਮਿਲੇ ਤੋਹਫ਼ਿਆਂ ਦੀ ਈ-ਨਿਲਾਮੀ ਅੱਜ ਤੋਂ ਸ਼ੁਰੂ ਹੋ ਗਈ ਏ . ਕੇਂਦਰੀ ਸੱਭਿਆਚਾਰ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਲੋਕਾਂ ਨੂੰ ਈ-ਨਿਲਾਮੀ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ, ਜੋ Namami Gange Fund ਵਿੱਚ ਯੋਗਦਾਨ ਪਾ ਕੇ ਇੱਕ ਨੇਕ ਉਦੇਸ਼ ਨੂੰ ਪੂਰਾ ਕਰੇਗੀ। ਇਸਨੂੰ 2019 ਵਿੱਚ ਸ਼ੁਰੂ ਕੀਤਾ ਗਿਆ ਸੀ। ਲੋਕ ਅੱਜ ਤੋਂ ਆਪਣੇ ਮਨਪਸੰਦ ਤੋਹਫ਼ੇ ਲਈ ਬੋਲੀ ਲਾ ਸਕਦੇ ਨੇ। ਆਨਲਾਈਨ ਨਿਲਾਮੀ 2 ਅਕਤੂਬਰ ਤੱਕ ਜਾਰੀ ਰਹੇਗੀ। ਹਿੱਸਾ ਲੈਣ ਦੇ ਚਾਹਵਾਨ ਲੋਕ pmmementos.gov.in ਵੈੱਬਸਾਈਟ 'ਤੇ ਜਾ ਕੇ ਰਜਿਸਟਰ ਕਰ ਸਕਦੇ ਨੇ ।

---

BATHINDA ‘ਚ ਸਥਾਨਕ ਪੀ.ਏ.ਯੂ-ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਪਰਾਲੀ ਪ੍ਰਬੰਧਨ ਸੰਬੰਧੀ ਪੰਜ ਰੋਜਾ ਸਿਖਲਾਈ ਪ੍ਰੋਗਰਾਮ ਪਿੰਡ ਫਰੀਦਕੋਟ ਕੋਟਲੀ ਬਲਾਕ ਸੰਗਤ ਵਿਖੇ ਸ਼ੁਰੂ ਕੀਤਾ ਗਿਆ, ਜੋ ਕਿ 20 ਸਤੰਬਰ 2024 ਤੱਕ ਚੱਲੇਗਾ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧ ਲਈ ਖੇਤੀ ਮਸ਼ੀਨਰੀ ਦੀ ਯੋਗ ਵਰਤੋਂ ਕਰਨ ਸੰਬੰਧੀ ਤਕਨੀਕੀ ਜਾਣਕਾਰੀ ਮੁਹੱਈਆ ਕਰਨਾ ਏ। ਇਸ ਮੌਕੇ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਿਖਲਾਈ ਬਾਰੇ ਡਿਪਟੀ ਡਾਇਰੈਕਟਰ,ਡਾ. ਗੁਰਦੀਪ ਸਿੰਘ ਸਿੱਧੂ ਨੇ ਦੱਸਿਆ ਕਿ ਪਰਾਲੀ ਪ੍ਰਬੰਧ ਅਧੀਨ ਚੁਣੇ ਗਏ ਪਿੰਡਾਂ ਵਿੱਚੋਂ 25-25 ਕਿਸਾਨਾਂ ਦੀ ਚੋਣ ਕਰਕੇ ਉਨ੍ਹਾਂ ਨੂੰ ਪਰਾਲੀ ਪ੍ਰਬੰਧ ਬਾਰੇ ਸਿਖਲਾਈ ਦਿੱਤੀ ਜਾ ਰਹੀ ਏ ਤਾਂ ਜੋ ਇਹ ਕਿਸਾਨ ਆਪਣੇ ਅਤੇ ਨਾਲ ਦੇ ਪਿੰਡਾਂ ਦੇ ਹੋਰਨਾਂ ਕਿਸਾਨਾਂ ਦਾ ਪਰਾਲੀ ਪ੍ਰਬੰਧ ਸੰਬੰਧੀ ਗਿਆਨ ਵਿੱਚ ਵਾਧਾ ਕਰਨ। ਉਨ੍ਹਾਂ ਕਿਸਾਨਾਂ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਪਰਾਲੀ ਨੂੰ ਖੇਤ ਵਿੱਚ ਸੰਭਾਲਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵੱਧਦੀ ਏ। ਉਨ੍ਹਾਂ ਇਹ ਵੀ ਦੱਸਿਆ ਕਿ ਲਗਾਤਾਰ 3-4 ਸਾਲ ਪਰਾਲੀ ਨੂੰ ਖੇਤ ਵਿੱਚ ਦਬਾਉਣ ਨਾਲ ਜਮੀਨ ਵਿਚਲੀ ਮੱਲੜ ਦੀ ਮਾਤਰਾ ਵੱਧ ਜਾਂਦੀ ਏ ਅਤੇ ਪਰਾਲੀ ਜ਼ਮੀਨ ਵਿੱਚ ਮਿਲਾਉਣ ਨਾਲ ਫਸਲਾਂ ਉੱਪਰ ਮਾੜੇ ਪਾਣੀ ਦਾ ਅਸਰ ਵੀ ਘੱਟਦਾ ਏ।

ਉਨ੍ਹਾਂ ਵੱਲੋਂ ਪੀ.ਏ.ਯੂ. ਵੱਲੋਂ ਪਰਾਲੀ ਪ੍ਰਬੰਧ ਲਈ ਵਿਕਸਤ ਵੱਖ-ਵੱਖ ਤਰ੍ਹਾਂ ਦੀ ਮਸ਼ੀਨਰੀ ਜਿਵੇਂ ਕਿ ਹੈਪੀ ਸੀਡਰ, ਸਮਾਰਟ ਸੀਡਰ, ਸੁਪਰ ਸੀਡਰ, ਸਰਫੇਸ ਸੀਡਰ ਦੀ ਵਰਤੋਂ ਦੇ ਤਜਰਬੇ ਸਾਂਝੇ ਕਰਦਿਆ ਜਾਣਕਾਰੀ ਕਿਹਾ ਕਿ ਕਿਸਾਨ ਇਸ ਮਸ਼ੀਨਰੀ ਦੀ ਵਰਤੋਂ ਕਰਕੇ ਪਰਾਲੀ ਪ੍ਰਬੰਧ ਕਰ ਸਕਦੇ ਹਨ।